Date 3/10/...

# ਫਤਹਿ ਮਿਸ਼ਨ ਹਫਤਾ ਮਨਾਇਆ ਗਿਆ

ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਸੰਸਥਾ ਦੇ ਪ੍ਰਧਾਨ ਸ੍ਰ. ਤੇਜਾ ਸਿੰਘ ਵਿਰਕ ਦੀ ਦੇਖ ਰੇਖ ਅਤੇ ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ ਦੀ ਰਹਿਨੁਮਾਈ ਅਧੀਨ ਫ਼ਤਹਿ ਮਿਸ਼ਨ ਹਫਤਾ ਮਨਾਇਆ ਗਿਆ। ਡਿਪਟੀ ਕਮਿਸ਼ਨਰ ਸ੍ਰੀ. ਤੇਜ ਪ੍ਰਤਾਪ ਸਿੰਘ ਫੂਲਕਾ ਤੇ ਜੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਸ੍ਰੀ ਵਿਜੇ ਭਾਸ਼ਕਰ ਦੀ ਨਿਗਰਾਨੀ ਹੇਠ ਚੱਲ ਰਹੇ ਫ਼ਤਹਿ ਮਿਸ਼ਨ ਮੁਹਿੰਮ ਤਹਿਤ ਵਲੰਟੀਅਰ ਤੇ ਕਰੋਨਾ ਮਹਾਂਮਾਰੀ ਦੇ ਸੰਬੰਧ ਚ ਸਹੁੰ ਚੁਕਵਾਈ ਗਈ ਅਤੇ ਫ਼ਤਹਿ ਮੈਗਜ਼ੀਨ ਵੰਡੇ ਗਏ। ਜਿਸ ਵਿਚ ਕਰੋਨਾ ਮਹਾਂਮਾਰੀ ਤੋਂ ਬਚਣ ਸੰਬੰਧੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਐਨ. ਐਸ-ਐਸ ਵਲੰਟੀਅਰਜ਼ਾਂ ਨੇ ਸਹੁੰ ਚੁੱਕ ਪ੍ਰਣ ਕੀਤਾ ਕਿ ਅਸੀਂ ਆਪਣੇ ਪਿੰਡਾਂ ਵਿਚ ਘਰ-ਘਰ ਜਾ ਕੇ ਲੋਕਾਂ ਇਸ ਬਿਮਾਰੀ ਬਾਰੇ ਜਾਗਰੂਕ ਕਰਾਂਗੇ। ਇਸ ਮੌਕੇ ਐਨ ਐਸ. ਐਸ ਪ੍ਰੋਗਰਾਮ ਅਫ਼ਸਰ ਡਾ. ਗੁਰਮੀਤ ਕੌਰ ਢਿੱਲੋਂ, ਡਾ. ਅਨਿਲ, ਪ੍ਰੋ. ਹਰਦੀਪ ਕੌਰ, ਪ੍ਰੋ. ਹਰਪ੍ਰੀਤ ਸਿੰਘ ਸੰਧੂ, ਰਵਿੰਦਰ ਕੌਰ ਜਾਦੌਂ ਆਦਿ ਹਾਜ਼ਰ





ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਸਹੁੰ ਚੁੱਕਦੇ ਹੋਏ ਵਲੰਟੀਅਰ ਅਤੇ ਕਾਲਜ ਸਟਾਫ਼। ਅਜੀਤ ਤਸਵੀਰ

# ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਫ਼ਤਹਿ ਮਿਸ਼ਨ ਹਫ਼ਤਾ ਮਨਾਇਆ

ਬਰਨਾਲਾ, 14 ਅਕਤੂਬਰ (ਅਸ਼ੋਕ ਭਾਰਤੀ)-ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭੋਲਾ ਸਿੰਘ ਵਿਰਕ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਡਾ: ਸਰਬਜੋਤ ਸਿੰਘ ਬੁਲਾਰ ਦੀ ਦੇਖ ਰੇਖ ਹੇਠ ਫ਼ਤਹਿ ਮਿਸ਼ਨ ਹਫ਼ਤਾ ਮਨਾਇਆ ਗਿਆ। ਡਿਪਟੀ ਕਮਿਸ਼ਨਰ ਸ: ਤੇਜ ਪ੍ਰਤਾਪ ਸਿੰਘ ਫੂਲਕਾ ਤੇ ਯੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਸ੍ਰੀ ਵਿਜੇ ਭਾਸਕਰ ਦੀ ਨਿਗਰਾਨੀ ਹੇਠ ਚੱਲ ਰਹੀ ਫ਼ਤਹਿ ਮਿਸ਼ਨ ਮੁਹਿਮ ਤਹਿਤ ਵਲੰਟੀਅਰ ਤੇ ਕੋਰੋਨਾ ਮਹਾਂਮਾਰੀ ਦੇ ਸਬੰਧ 'ਚ ਸਹੁੰ ਚੁਕਵਾਈ ਗਈ ਅਤੇ ਫ਼ਤਹਿ ਮੈਗਜ਼ੀਨ ਵੰਡੇ ਗਏ, ਜਿਸ 'ਚ ਕੋਰੋਨਾ ਮਹਾਂਮਾਰੀ ਤੋਂ ਬਚਣ ਸਬੰਧੀ ਜਾਣਕਾਰੀ ਦਿੱਤੀ ਗਈ ਸੀ। ਇਸ ਮੌਕੇ ਵਲੰਟੀਅਰਾਂ ਨੇ ਸਹੁੰ ਚੁੱਕ ਕੇ ਪ੍ਰਣ ਕੀਤਾ ਕਿ ਅਸੀਂ ਆਪਣੇ ਪਿੰਡਾਂ 'ਚ ਘਰ-ਘਰ ਜਾ ਕੇ ਲੋਕਾਂ ਨੂੰ ਇਸ ਭਿਆਨਕ ਬਿਮਾਰੀ ਬਾਰੇ ਜਾਗਰੂਕ ਕਰਾਂਗੇ। ਇਸ ਮੌਕੇ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਡਾ: ਗੁਰਪ੍ਰੀਤ ਕੌਰ, ਡਾ: ਅਨਿਲ ਸੇਠੀ, ਪ੍ਰੋ: ਹਰਦੀਪ ਕੌਰ, ਪ੍ਰੋ: ਹਰਪ੍ਰੀਤ ਸਿੰਘ ਸੰਧੂ, ਪ੍ਰੋ: ਰਵਿੰਦਰ ਕੌਰ ਜਵੰਧਾ ਆਦਿ ਹਾਜ਼ਰ ਸਨ।

Scanned with CamScanner



ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਕਰਵਾਏ ਗਏ 'ਡਿਜੀਟਲ ਲਿਟਰੇਸੀ ਅਵੇਅਰਨੈੱਸ' ਸੈਮੀਨਾਰ ਦੌਰਾਨ ਕਾਲਜ ਸਟਾਫ਼ ਤੇ ਹੋਰ। ਅਜੀਤ ਤਸਵੀਰ

# ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ 'ਡਿਜੀਟਲ ਲਿਟਰੇਸੀ ਅਵੇਅਰਨੈੱਸ' ਸੈਮੀਨਾਰ

ਬਰਨਾਲਾ, 15 ਅਕਤੂਬਰ (ਅਸ਼ੋਕ ਭਾਰਤੀ)-ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਐਨ.ਐਸ.ਐਸ. ਵਿਭਾਗ ਵਲੋਂ ਇਕ ਰੋਜ਼ਾ 'ਡਿਜੀਟਲ ਲਿਟਰੇਸੀ ਅਵੇਅਰਨੈੱਸ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਜਿਸ ਦੇ ਪ੍ਰੋ: ਰਣਬੀਰ ਵਰਿੰਦਰ ਸਿੰਘ ਨੇ ਐਨ.ਐਸ.ਐਸ. ਵਲੰਟੀਅਰਜ਼ ਨੂੰ ਡਿਜੀਟਲ ਟੈਕਨਾਲੋਜੀ ਦੇ ਵਿਭਿੰਨ ਪੱਖਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਵਿਚ ਡਿਜੀਟਲ ਮਾਧਿਅਮ ਦੀ ਵਰਤੋਂ ਕਰ ਕੇ ਸਕਿੱਲ ਪੈਦਾ ਕਰਨ ਲਈ ਪ੍ਰੇਰਿਆ। ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ, ਵਾਈਸ ਪ੍ਰਿੰਸੀਪਲ ਪ੍ਰੋ: ਤਾਰਾ ਸਿੰਘ ਸੰਘੇੜਾ ਅਤੇ ਡਾ. ਗੁਪਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਐਨ.ਐਸ.ਐਸ. ਵਿਭਾਗ ਦੇ ਪ੍ਰੋਗਰਾਮ ਅਫ਼ਸਰ ਡਾ. ਗੁਰਪ੍ਰੀਤ ਕੌਰ, ਪ੍ਰੋ: ਹਰਦੀਪ ਕੌਰ, ਪ੍ਰੋ: ਹਰਪ੍ਰੀਤ ਸੰਧੂ, ਡਾ. ਅਨਿਲ ਸ਼ੌਰੀ ਆਦਿ ਹਾਜ਼ਰ ਸਨ।

Scanned with CamScanner

CLASSMATE

Date

Page



ਗੁਰੂ ਗੋਬਿੰਦ ਸਿੰਘ ਕਾਲਜ 'ਚ ਕਾਲਜ ਦਾ ਸਟਾਫ਼ ਵਿਦਿਆਰਥੀਆਂ ਨੂੰ ਵਾਤਾਵਰਨ ਸਬੰਧੀ ਜਾਗਰੂਕ ਕਰਦਾ ਹੋਇਆ।

# ਵਾਤਾਵਰਨ ਸਬੰਧੀ ਜਾਗਰੂਕ ਕੀਤਾ

**ਸਟਾਫ ਰਿਪੋਰਟਰ, ਬਰਨਾਲਾ :** ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਦੇ ਐਨਐਸਐਸ ਵਿਭਾਗ ਵੱਲੋਂ ਸੰਸਥਾ ਦੇ ਪ੍ਰਧਾਨ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਦੀ ਰਹਿਨੁਮਾਹੀ ਹੇਠ ਤੇ ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ ਦੀ ਦੇਖ-ਰੇਖ ਹੇਠ ਅਜੋਕੇ ਸਮੇਂ ਵਾਤਾਵਰਨ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ 'ਚ ਵਾਤਾਵਰਨ ਪ੍ਰੇਮੀ ਸੰਦੀਪ ਸਿੰਘ ਧੌਲਾ, ਗੁਰਮੇਲ ਸਿੰਘ ਤੇ ਪ੍ਰੇਮਜੋਤ ਸਿੰਘ ਧੌਲਾ ਨੇ ਐਨਐਸਐਸ ਵਲੰਟਰੀਅਰਜ਼ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ 'ਤੇ ਆਪਣੇ ਆਲੇ-ਦੁਆਲੇ ਦੇ ਜੀਵ ਜੰਤੂਆਂ ਦੀ ਰੱਖਿਆ ਕਰਨ ਲਈ ਪ੍ਰੇਰਿਆ। ਡਾ. ਭੁਪਿੰਦਰ ਸਿੰਘ ਤੇ ਪ੍ਰੋ. ਮਿੰਨੂ ਪਾਠਕ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

Scanned with CamScanner



ਗੁਰੂ ਗੋਬਿੰਦ ਸਿੰਘ ਕਾਲਜ 'ਚ ਕਾਲਜ ਦਾ ਸਟਾਫ਼ ਵਿਦਿਆਰਥੀਆਂ ਨੂੰ ਵਾਤਾਵਰਨ ਸਬੰਧੀ ਜਾਗਰੂਕ ਕਰਦਾ ਹੋਇਆ।

# ਵਾਤਾਵਰਨ ਸਬੰਧੀ ਜਾਗਰੂਕ ਕੀਤਾ

**ਸਟਾਫ ਰਿਪੋਰਟਰ, ਬਰਨਾਲਾ :** ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਦੇ ਐਨਐਸਐਸ ਵਿਭਾਗ ਵੱਲੋਂ ਸੰਸਥਾ ਦੇ ਪ੍ਰਧਾਨ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਦੀ ਰਹਿਨੁਮਾਈ ਹੇਠ ਤੇ ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ ਦੀ ਦੇਖ-ਰੇਖ ਹੇਠ ਅਜੋਕੇ ਸਮੇਂ ਵਾਤਾਵਰਨ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ 'ਚ ਵਾਤਾਵਰਨ ਪ੍ਰੇਮੀ ਸੰਦੀਪ ਸਿੰਘ ਧੌਲਾ, ਗੁਰਮੇਲ ਸਿੰਘ ਤੇ ਪ੍ਰੇਮਜੋਤ ਸਿੰਘ ਧੌਲਾ ਨੇ ਐਨਐਸਐਸ ਵਲੰਟਰੀਅਰਜ਼ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ 'ਤੇ ਆਪਣੇ ਆਲੇ-ਦੁਆਲੇ ਦੇ ਜੀਵ ਜਿਤੂਆਂ ਦੀ ਰੱਖਿਆ ਕਰਨ ਲਈ ਪ੍ਰੇਰਿਆ। ਡਾ. ਭੁਪਿੰਦਰ ਸਿੰਘ ਤੇ ਪ੍ਰੋ. ਮਿੰਨੂ ਪਾਠਕ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

Scanned with CamScanner